ਮਾਰੂ ਮਹਲਾ ੫ ਘਰੁ ੮ ਅੰਜੁਲੀਆ ੴ ਸਤਿਗੁਰ ਪ੍ਰਸਾਦਿ ॥ ਜਿਸੁ ਗ੍ਰਿਹਿ ਬਹੁਤੁ ਤਿਸੈ ਗ੍ਰਿਹਿ ਚਿੰਤਾ ॥ ਜਿਸੁ ਗ੍ਰਿਹਿ ਥੋਰੀ ਸੁ ਫਿਰੈ ਭ੍ਰਮੰਤਾ ॥ ਦੁਹੂ ਬਿਵਸਥਾ ਤੇ ਜੋ ਮੁਕਤਾ ਸੋਈ ਸੁਹੇਲਾ ਭਾਲੀਐ ॥੧॥ ਗ੍ਰਿਹ ਰਾਜ ਮਹਿ ਨਰਕੁ ਉਦਾਸ ਕਰੋਧਾ ॥ ਬਹੁ ਬਿਧਿ ਬੇਦ ਪਾਠ ਸਭਿ ਸੋਧਾ ॥ ਦੇਹੀ ਮਹਿ ਜੋ ਰਹੈ ਅਲਿਪਤਾ ਤਿਸੁ ਜਨ ਕੀ ਪੂਰਨ ਘਾਲੀਐ ॥ ੨॥ ਜਾਗਤ ਸੂਤਾ ਭਰਮਿ ਵਿਗੂਤਾ ॥ ਬਿਨੁ ਗੁਰ ਮੁਕਤਿ ਨ ਹੋਈਐ ਮੀਤਾ ॥ ਸਾਧਸੰਗਿ ਤੁਟਹਿ ਹਉ ਬੰਧਨ ਏਕੋ ਏਕੁ ਨਿਹਾਲੀਐ ॥੩॥ ਕਰਮ ਕਰੈ ਤ ਬੰਧਾ ਨਹ ਕਰੈ ਤ ਨਿੰਦਾ ॥ ਮੋਹ ਮਗਨ ਮਨੁ ਵਿਆਪਿਆ ਚਿੰਦਾ ॥ ਗੁਰ ਪ੍ਰਸਾਦਿ ਸੁਖੁ ਦੁਖੁ ਸਮ ਜਾਣੈ ਘਟਿ ਘਟਿ ਰਾਮੁ ਹਿਆਲੀਐ ॥੪॥ {ਪੰਨਾ 1019}

ਪਦਅਰਥ:- ਜਿਸੁ ਗ੍ਰਿਹਿ—ਜਿਸ ਮਨੁੱਖ ਦੇ ਘਰ ਵਿਚ। ਤਿਸੈ ਗ੍ਰਿਹਿ—ਉਸੇ ਦੇ (ਹਿਰਦੇ-) ਘਰ ਵਿਚ। ਸੁ—ਉਹ ਮਨੁੱਖ। ਭ੍ਰਮੰਤਾ—ਭਟਕਦਾ। ਬਿਵਸਥਾ—ਦਸ਼ਾ, ਹਾਲਤ। ਤੇ—ਤੋਂ। ਮੁਕਤਾ—ਸੁਤੰਤਰ, ਆਜ਼ਾਦ, ਬਚਿਆ ਹੋਇਆ। ਸੁਹੇਲਾ—ਸੁਖੀ। ਭਾਲੀਐ—ਵੇਖੀਦਾ ਹੈ।1।

ਗ੍ਰਿਹ ਰਾਜ ਮਹਿ—ਗ੍ਰਿਹਸਤ ਦੇ ਐਸ਼੍ਵਰਜ ਵਿਚ (ਫਸਿਆ ਹੋਇਆ)। ਉਦਾਸ—ਉਦਾਸ ਮਹਿ, ਤਿਆਗੀ ਬਾਣੇ ਵਿਚ। ਬਹੁ ਬਿਧਿ—ਕਈ ਤਰੀਕਿਆਂ ਨਾਲ। ਸਭਿ—ਸਾਰੇ। ਦੇਹੀ ਮਹਿ—ਸਰੀਰ ਦੇ ਵਿਚ ਹੀ, ਸਰੀਰ ਦੀ ਖ਼ਾਤਰ ਕਿਰਤ ਕਰਦਿਆਂ ਹੀ। ਅਲਿਪਤਾ—ਨਿਰਲੇਪ। ਘਾਲੀਐ—ਘਾਲ, ਮਿਹਨਤ।2।

ਜਾਗਤ ਸੂਤਾ—ਜਾਗਦਾ ਸੁੱਤਾ ਹਰ ਵੇਲੇ। ਭਰਮਿ—ਭਟਕਣਾ ਵਿਚ। ਵਿਗੂਤਾ—ਖ਼ੁਆਰ ਹੁੰਦਾ ਹੈ। ਮੁਕਤਿ—ਖ਼ਲਾਸੀ। ਮੀਤਾ—ਹੇ ਮਿੱਤਰ! ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ। ਤੁਟਹਿ—ਟੁੱਟ ਜਾਂਦੇ ਹਨ। ਹਉ ਬੰਧਨ—ਹਉਮੈ ਦੇ ਬੰਧਨ। ਨਿਹਾਲੀਐ—ਵੇਖ ਲਈਦਾ ਹੈ।3।

ਕਰਮ—(ਕਰਮ ਕਾਂਡ ਅਨੁਸਾਰ ਮਿਥੇ ਹੋਏ ਧਾਰਮਿਕ) ਕੰਮ। ਬੰਧਾ—ਬੱਝ ਜਾਂਦਾ ਹੈ। ਮਗਨ—ਡੁੱਬਾ ਹੋਇਆ। ਚਿੰਦਾ—ਚਿੰਤਾ। ਵਿਆਪਿਆ—ਦਬਾਇਆ ਹੋਇਆ। ਗੁਰ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ। ਸਮ—ਇਕੋ ਜਿਹਾ। ਜਾਣੈ—(ਜਿਹੜਾ ਮਨੁੱਖ) ਜਾਣਦਾ ਹੈ। ਘਟਿ ਘਟਿ—ਹਰੇਕ ਘਟ ਵਿਚ। ਹਿਆਲੀਐ—ਨਿਹਾਰੀਐ, ਹੇਰੀਐ, ਵੇਖਦਾ ਹੈ।4।

ਅਰਥ:- ਹੇ ਭਾਈ! ਜਿਸ ਮਨੁੱਖ ਦੇ ਘਰ ਵਿਚ ਬਹੁਤ ਮਾਇਆ ਹੁੰਦੀ ਹੈ, ਉਸ ਮਨੁੱਖ ਦੇ (ਹਿਰਦੇ-) ਘਰ ਵਿਚ (ਹਰ ਵੇਲੇ) ਚਿੰਤਾ ਰਹਿੰਦੀ ਹੈ (ਕਿ ਕਿਤੇ ਖੁੱਸ ਨਾਹ ਜਾਏ)। ਜਿਸ ਮਨੁੱਖ ਦੇ ਘਰ ਵਿਚ ਥੋੜੀ ਮਾਇਆ ਹੈ ਉਹ ਮਨੁੱਖ (ਮਾਇਆ ਦੀ ਖ਼ਾਤਰ) ਭਟਕਦਾ ਫਿਰਦਾ ਹੈ। ਜਿਹੜਾ ਮਨੁੱਖ ਇਹਨਾਂ ਦੋਹਾਂ ਹਾਲਤਾਂ ਤੋਂ ਬਚਿਆ ਰਹਿੰਦਾ ਹੈ, ਉਹੀ ਮਨੁੱਖ ਸੌਖਾ ਵੇਖੀਦਾ ਹੈ।1।

ਹੇ ਭਾਈ! ਜਿਹੜਾ ਮਨੁੱਖ ਗ੍ਰਿਹਸਤ ਦੇ ਐਸ਼੍ਵਰਜ ਵਿਚ ਰੁੱਝਾ ਹੋਇਆ ਹੈ, ਉਹ (ਅਸਲ ਵਿਚ) ਨਰਕ (ਭੋਗ ਰਿਹਾ ਹੈ); ਜਿਹੜਾ ਮਨੁੱਖ (ਗ੍ਰਿਹਸਤ ਦੇ ਜੰਜਾਲਾਂ ਦਾ) ਤਿਆਗ ਕਰ ਗਿਆ ਹੈ ਉਹ ਸਦਾ ਕ੍ਰੋਧ ਦਾ ਸ਼ਿਕਾਰ ਹੋਇਆ ਰਹਿੰਦਾ ਹੈ, ਭਾਵੇਂ ਉਸ ਨੇ ਕਈ ਤਰੀਕਿਆਂ ਨਾਲ ਸਾਰੇ ਵੇਦ-ਪਾਠ ਸੋਧੇ ਹੋਣ। ਹੇ ਭਾਈ! ਉਸ ਮਨੁੱਖ ਦੀ ਹੀ ਮਿਹਨਤ ਸਿਰੇ ਚੜ੍ਹਦੀ ਹੈ ਜੋ ਸਰੀਰ ਦੀ ਖ਼ਾਤਰ ਕਿਰਤ-ਕਾਰ ਕਰਦਿਆਂ ਹੀ (ਮਾਇਆ ਵਲੋਂ) ਨਿਰਲੇਪ ਰਹਿੰਦਾ ਹੈ।2।

ਹੇ ਭਾਈ! (ਜਿਹੜਾ ਮਨੁੱਖ ਹਉਮੈ ਦੇ ਬੰਧਨਾਂ ਨਾਲ ਬੱਝਾ ਪਿਆ ਹੈ ਉਹ) ਜਾਗਦਾ ਸੁੱਤਾ ਹਰ ਵੇਲੇ ਹੀ ਭਟਕਣਾ ਵਿਚ ਪੈ ਕੇ ਖ਼ੁਆਰ ਹੁੰਦਾ ਹੈ। ਹੇ ਮਿੱਤਰ! ਗੁਰੂ ਦੀ ਸਰਨ ਤੋਂ ਬਿਨਾ ਇਹਨਾਂ ਬੰਧਨਾਂ ਤੋਂ ਖ਼ਲਾਸੀ ਨਹੀਂ ਹੁੰਦੀ। ਜਿਸ ਮਨੁੱਖ ਦੇ ਹਉਮੈ ਦੇ ਬੰਧਨ ਗੁਰੂ ਦੀ ਸੰਗਤਿ ਵਿਚ ਟਿਕ ਕੇ ਟੁੱਟ ਜਾਂਦੇ ਹਨ, ਉਹ ਹਰ ਥਾਂ ਇਕ ਪਰਮਾਤਮਾ ਨੂੰ ਹੀ ਵੇਖਦਾ ਹੈ।3।

ਹੇ ਭਾਈ! (ਜਿਹੜਾ ਮਨੁੱਖ ਸ਼ਾਸਤ੍ਰਾਂ ਅਨੁਸਾਰ ਮਿਥੇ ਹੋਏ ਧਾਰਮਿਕ) ਕਰਮ ਕਰਦਾ ਰਹਿੰਦਾ ਹੈ ਉਹ ਇਹਨਾਂ ਕਰਮਾਂ ਦੇ ਜਾਲ ਵਿਚ ਜਕੜਿਆ ਰਹਿੰਦਾ ਹੈ, ਤੇ, ਜੇ ਉਹ ਕਿਸੇ ਵੇਲੇ ਇਹ ਕਰਮ ਨਹੀਂ ਕਰਦਾ, ਤਾਂ ਕਰਮ-ਕਾਂਡੀ ਲੋਕ ਉਸ ਦੀ ਨਿੰਦਾ ਕਰਦੇ ਹਨ। ਸੋ, ਉਸ ਦਾ ਮਨ ਮੋਹ ਵਿਚ ਡੁੱਬਾ ਰਹਿੰਦਾ ਹੈ ਚਿੰਤਾ ਨਾਲ ਨੱਪਿਆ ਰਹਿੰਦਾ ਹੈ। ਹੇ ਭਾਈ! ਗੁਰੂ ਦੀ ਕਿਰਪਾ ਨਾਲ ਜਿਹੜਾ ਮਨੁੱਖ ਸੁਖ ਅਤੇ ਦੁੱਖ ਨੂੰ ਇਕੋ ਜਿਹਾ ਸਮਝਦਾ ਹੈ ਉਹ ਹਰੇਕ ਸਰੀਰ ਵਿਚ ਇਕੋ ਪ੍ਰਭੂ ਨੂੰ ਵੱਸਦਾ ਵੇਖਦਾ ਹੈ।4।

**ਸੰਸਾਰੈ ਮਹਿ ਸਹਸਾ ਬਿਆਪੈ ॥ ਅਕਥ ਕਥਾ ਅਗੋਚਰ ਨਹੀ ਜਾਪੈ ॥ ਜਿਸਹਿ ਬੁਝਾਏ ਸੋਈ ਬੂਝੈ ਓਹੁ ਬਾਲਕ ਵਾਗੀ ਪਾਲੀਐ ॥੫॥ ਛੋਡਿ ਬਹੈ ਤਉ ਛੂਟੈ ਨਾਹੀ ॥ ਜਉ ਸੰਚੈ ਤਉ ਭਉ ਮਨ ਮਾਹੀ ॥ ਇਸ ਹੀ ਮਹਿ ਜਿਸ ਕੀ ਪਤਿ ਰਾਖੈ ਤਿਸੁ ਸਾਧੂ ਚਉਰੁ ਢਾਲੀਐ ॥ ੬॥ ਜੋ ਸੂਰਾ ਤਿਸ ਹੀ ਹੋਇ ਮਰਣਾ ॥ ਜੋ ਭਾਗੈ ਤਿਸੁ ਜੋਨੀ ਫਿਰਣਾ ॥ ਜੋ ਵਰਤਾਏ ਸੋਈ ਭਲ ਮਾਨੈ ਬੁਝਿ ਹੁਕਮੈ ਦੁਰਮਤਿ ਜਾਲੀਐ ॥੭॥ ਜਿਤੁ ਜਿਤੁ ਲਾਵਹਿ ਤਿਤੁ ਤਿਤੁ ਲਗਨਾ ॥ ਕਰਿ ਕਰਿ ਵੇਖੈ ਅਪਣੇ ਜਚਨਾ ॥ ਨਾਨਕ ਕੇ ਪੂਰਨ ਸੁਖਦਾਤੇ ਤੂ ਦੇਹਿ ਤ ਨਾਮੁ ਸਮਾਲੀਐ ॥੮॥੧॥੭॥** {ਪੰਨਾ 1019}

ਪਦਅਰਥ:- ਸੰਸਾਰੈ ਮਹਿ—ਜਗਤ ਦੇ ਧੰਧਿਆਂ ਵਿਚ। ਸਹਸਾ—ਸਹਮ। ਵਿਆਪੈ—ਜ਼ੋਰ ਪਾਈ ਰੱਖਦਾ ਹੈ। ਅਕਥ—ਜਿਸ ਦਾ ਸਹੀ ਸਰੂਪ ਦੱਸਿਆ ਨਾਹ ਜਾ ਸਕੇ। ਅਗੋਚਰ—ਜੋ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ। ਕਥਾ—ਸਿਫ਼ਤਿ-ਸਾਲਾਹ ਦੀ ਗੱਲ। ਜਾਪੈ—ਸੁੱਝਦੀ। ਜਿਸਹਿ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ}। ਓਹੁ—ਉਹ ਜੀਵ। ਵਾਗੀ—ਵਾਂਗ।5।

ਛੂਟੈ ਨਾਹੀ—ਖ਼ਲਾਸੀ ਨਹੀਂ ਕਰਦੀ। ਸੰਚੈ—ਇਕੱਠੀ ਕਰਦਾ ਜਾਏ। ਮਾਹੀ—ਵਿਚ। ਇਸ ਹੀ ਮਹਿ—ਇਸ ਮਾਇਆ ਦੇ ਵਿਚ ਰਹਿੰਦਿਆਂ ਹੀ {ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਇਸੁ' ਦਾ ੁ ਉੱਡ ਗਿਆ ਹੈ}। ਜਿਸ ਕੀ—{ਸੰਬੰਧਕ 'ਕੀ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ}। ਪਤਿ—ਇੱਜ਼ਤ। ਢਾਲੀਐ—ਝੁਲਾਇਆ ਜਾਂਦਾ ਹੈ।6।

ਸੂਰਾ—ਸੂਰਮਾ (ਮਾਇਆ ਦੇ ਟਾਕਰੇ ਤੇ)। ਮਰਣਾ—ਮੌਤ, ਵਿਕਾਰਾਂ ਵਲੋਂ ਮੌਤ, ਉਪਰਾਮਤਾ। ਭਾਗੈ—ਭਾਂਜ ਖਾ ਜਾਏ। ਭਲ ਮਾਨੈ—ਠੀਕ ਮੰਨਦਾ ਹੈ। ਬੁਝਿ—ਸਮਝ ਕੇ। ਦੁਰਮਤਿ—ਖੋਟੀ ਮਤਿ। ਜਾਲੀਐ—ਜਾਲੀ ਹੈ, ਸਾੜ ਦਿੱਤੀ ਹੈ।7।

ਜਿਤੁ ਜਿਤੁ—ਜਿਸ ਜਿਸ ਕੰਮ ਵਿਚ। ਲਾਵਹਿ—ਤੂੰ ਲਾਂਦਾ ਹੈਂ (ਹੇ ਪ੍ਰਭੂ!)। ਕਰਿ—ਕਰ ਕੇ। ਵੇਖੈ—ਵੇਖਦਾ ਹੈ (ਪਰਮਾਤਮਾ)। ਜਚਨਾ—ਜਚੇ ਹੋਏ ਖ਼ਿਆਲ, ਉਹ ਕੰਮ ਜੋ ਉਸ ਨੂੰ ਪਸੰਦ ਆਉਂਦੇ ਹਨ। ਸੁਖ ਦਾਤੇ—ਹੇ ਸੁਖ ਦੇਣ ਵਾਲੇ! ਸਮਾਲੀਐ—ਯਾਦ ਕੀਤਾ ਜਾ ਸਕਦਾ ਹੈ।8।

ਅਰਥ:- ਹੇ ਭਾਈ! ਜਗਤ (ਦੇ ਧੰਧਿਆਂ) ਵਿਚ (ਮਨੁੱਖ ਨੂੰ ਕੋਈ ਨ ਕੋਈ) ਸਹਮ ਨੱਪੀ ਹੀ ਰੱਖਦਾ ਹੈ; ਉਸ ਨੂੰ ਅਕੱਥ ਅਗੋਚਰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁੱਝਦੀ ਹੀ ਨਹੀਂ। (ਪਰ ਜੀਵ ਦੇ ਕੀਹ ਵੱਸ?) ਉਹੀ ਮਨੁੱਖ (ਜੀਵਨ ਦਾ ਸਹੀ ਰਸਤਾ) ਸਮਝਦਾ ਹੈ ਜਿਸ ਨੂੰ ਪਰਮਾਤਮਾ ਆਪ ਬਖ਼ਸ਼ਦਾ ਹੈ। ਉਸ ਮਨੁੱਖ ਨੂੰ ਪਰਮਾਤਮਾ ਬੱਚੇ ਵਾਂਗ ਪਾਲਦਾ ਹੈ।5।

ਹੇ ਭਾਈ! (ਜਦੋਂ ਕੋਈ ਮਨੁੱਖ ਤਿਆਗੀ ਬਣ ਕੇ ਮਾਇਆ ਨੂੰ ਆਪਣੇ ਵੱਲੋਂ) ਛੱਡ ਬੈਠਦਾ ਹੈ ਤਦੋਂ (ਭੀ ਮਾਇਆ) ਖ਼ਲਾਸੀ ਨਹੀਂ ਕਰਦੀ। ਜਦੋਂ ਕੋਈ ਮਨੁੱਖ ਮਾਇਆ ਇਕੱਠੀ ਕਰਦਾ ਜਾਂਦਾ ਹੈ ਤਦੋਂ (ਇਕੱਠੀ ਕਰਨ ਵਾਲੇ ਦੇ) ਮਨ ਵਿਚ ਡਰ ਬਣਿਆ ਰਹਿੰਦਾ ਹੈ (ਕਿ ਕਿਤੇ ਹੱਥੋਂ ਚਲੀ ਨਾਹ ਜਾਏ)। ਇਸ ਮਾਇਆ ਦੇ ਵਿਚ ਰਹਿੰਦਿਆਂ ਹੀ ਪਰਮਾਤਮਾ ਆਪ ਜਿਸ ਮਨੁੱਖ ਦੀ ਇੱਜ਼ਤ ਰੱਖਦਾ ਹੈ, ਉਸ ਗੁਰਮੁਖ ਦੇ ਸਿਰ ਉਤੇ ਚੰਵਰ ਝੁਲਾਇਆ ਜਾਂਦਾ

ਹੈ।6।

ਹੇ ਭਾਈ! ਜਿਹੜਾ ਮਨੁੱਖ ਮਾਇਆ ਦੇ ਟਾਕਰੇ ਤੇ ਸੂਰਮਾ ਬਣਦਾ ਹੈ ਉਸੇ ਨੂੰ ਹੀ ਮਾਇਆ ਵਲੋਂ ਉਪਰਾਮਤਾ ਮਿਲਦੀ ਹੈ; ਪਰ ਜਿਹੜਾ ਮਨੁੱਖ (ਮਾਇਆ ਤੋਂ) ਭਾਂਜ ਖਾ ਜਾਂਦਾ ਹੈ ਉਸ ਨੂੰ ਅਨੇਕਾਂ ਜੂਨਾਂ ਵਿਚ ਭਟਕਣਾ ਪੈਂਦਾ ਹੈ। (ਸੂਰਮਾ ਮਨੁੱਖ) ਉਸੇ ਭਾਣੇ ਨੂੰ ਮਿੱਠਾ ਕਰਕੇ ਮੰਨਦਾ ਹੈ ਜਿਹੜਾ ਭਾਣਾ ਪਰਮਾਤਮਾ ਵਰਤਾਂਦਾ ਹੈ; ਉਹ ਮਨੁੱਖ ਰਜ਼ਾ ਨੂੰ ਸਮਝ ਕੇ (ਆਪਣੇ ਅੰਦਰੋਂ) ਖੋਟੀ ਮਤਿ ਨੂੰ ਸਾੜ ਦੇਂਦਾ ਹੈ।7।

ਹੇ ਪ੍ਰਭੂ! ਤੂੰ ਜਿਸ ਜਿਸ ਕੰਮ ਵਿਚ ਜੀਵਾਂ ਨੂੰ ਲਾਂਦਾ ਹੈਂ, ਉਸੇ ਉਸੇ ਕੰਮ ਵਿਚ ਜੀਵ ਲੱਗਦੇ ਹਨ। ਹੇ ਭਾਈ! ਪਰਮਾਤਮਾ ਆਪਣੀ ਮਰਜ਼ੀ ਦੇ ਕੰਮ ਕਰ ਕਰ ਕੇ ਆਪ ਹੀ ਉਹਨਾਂ ਨੂੰ ਵੇਖਦਾ ਹੈ।

ਹੇ ਨਾਨਕ ਨੂੰ ਸਾਰੇ ਸੁਖ ਦੇਣ ਵਾਲੇ ਪ੍ਰਭੂ! ਜੇ ਤੂੰ (ਆਪਣੇ ਨਾਮ ਦੀ ਦਾਤਿ) ਦੇਵੇਂ ਤਾਂ ਹੀ ਤੇਰਾ ਨਾਮ ਹਿਰਦੇ ਵਿਚ ਵਸਾਇਆ ਜਾ ਸਕਦਾ ਹੈ।8।1।7।